ਨੰ:11/44/2003-2ਸਿ3/254

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਸਕਾਲਰਜ਼ ਪਬਲਿਕ ਸਕੂਲ,
ਪਟਿਆਲਾ-ਚੰਡੀਗੜ੍ਹ ਬਾਈਪਾਸ ਰੋਡ,
ਪੋਸਟ ਬਾਕਸ ਨੰ:1,ਰਾਜਪੁਰਾ
(ਪਟਿਆਲਾ)

ਮਿਤੀ, ਚੰਡੀਗੜ੍ਹ: 2.1.2004

ਵਿਸ਼ਾ: ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜ਼ਾਰੀ ਕਰਨ ਬਾਬਤ।

ਸ੍ਰੀਮਾਨ ਜੀ,

ਐਮ-117-2003

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ:ਐਸ.ਪੀ./ ਮਿਤੀ20.10.03ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸ.ਸ.)ਪਟਿਆਲਾ.......... ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ/ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ ਅਜਿਹੇ ਸਕੂਲਾਂ ਵਿੱਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ..ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਿੱਖਿਆ

ਪਿੱਠ ਅੰਕਣ ਨੰ:11/44/2003-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ, ਪ੍ਰਾਈਵੇਟ ਏਡਿਡ(ਸ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਮੀਮੋ ਨੰ:15/47/03-ਗ-1(5), ਮਿਤੀ 8-12-03 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸਹੀ

ਵਿਸ਼ੇਸ਼ ਸਕੱਤਰ ਸਿੱਖਿਆ